# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਬਾਰ੍ਹਵਾਂ (ਬਜਟ) ਸਮਾਗਮ

-----------

## ਕਾਰਜ ਸੂਚੀ

9 ਮਾਰਚ 2026

10:00 ਵਜੇ ਪੂਰਵ ਦੁਪਹਿਰ

-----------

1. <u>ਪ੍ਰਸ਼ਨ</u>

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ।

2. <u>ਸਕੱਤਰ ਦੁਆਰਾ ਐਲਾਨ</u>

3. <u>ਧਿਆਨ ਦਿਵਾਊ ਨੋਟਿਸ</u>

(1) **ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਐਮ.ਐਲ.ਏ.**:-ਜਲ ਸਰੋਤ ਮੰਤਰੀ ਦਾ ਧਿਆਨ ਜਗਰਾਓ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਪਿੰਡ ਬਾਘੀਆਂ ਤੋਂ ਪਿੰਡ ਸ਼ੇਰੇਵਾਲ ਤੱਕ ਸਤਲੁਜ ਦਰਿਆ ਦੇ ਬੰਨ੍ਹ ਨੂੰ ਪੱਕਾ ਕਰਨ ਉਪਰੰਤ ਇਸ ਉੱਤੇ ਸੜ੍ਹਕ ਬਣਾਉਣ ਵੱਲ ਦਿਵਾਉਣਗੇ।

(ਨੰ. 11)

(2) **ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਐਮ.ਐਲ.ਏ.**:-ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਜਗਰਾਓ ਸ਼ਹਿਰ ਵਿੱਚ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਅਤੇ ਸਕੂਲ ਆਫ ਐਮੀਨੈਂਸ ਦੇ ਸਾਹਮਣੇ 'ਫੁੱਟ-ਓਵਰ ਬ੍ਰਿਜ' ਦੀ ਉਸਾਰੀ ਵੱਲ ਦਿਵਾਉਣਗੇ।

(ਨੰ. 13)

4. <u>ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ</u>

(1) i) **ਮਾਣਯੋਗ ਸਪੀਕਰ** ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕਰਨਗੇ।

ii) **ਕਮੇਟੀ ਦਾ ਇੱਕ ਮੈਂਬਰ** ਪ੍ਰਸਤਾਵ ਕਰੇਗਾ ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

5. <u>ਰਿਪੋਰਟਾਂ ਪੇਸ਼ ਕਰਨਾ</u>

(1) **ਸਭਾਪਤੀ, ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ ਪੇਸ਼ ਕਰਨਗੇ**

(i) ਵੱਖ-ਵੱਖ ਪੰਚਾਇਤੀ ਰਾਜ ਇਕਾਈਆਂ ਵਿੱਚ ਆਡਿਟ ਪ੍ਰਕਿਰਿਆ ਸਬੰਧੀ ਕੀਤੇ ਗਏ ਆਮ ਪ੍ਰੇਖਣਾਂ/ਸਿਫ਼ਾਰਸ਼ਾਂ ਤੇ 8ਵੀਂ ਰਿਪੋਰਟ;

(ii) 15ਵੇਂ ਵਿੱਤ ਕਮਿਸ਼ਨ ਸਬੰਧੀ 9ਵੀਂ ਰਿਪੋਰਟ;

(iii) ਸ੍ਰੀ ਅੰਮ੍ਰਿਤਸਰ ਸਾਹਿਬ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਪੇਂਡੂ ਵਿਕਾਸ ਯੋਜਨਾਵਾਂ ਦੀ ਸਮੀਖਿਆ ਤੇ 10ਵੀਂ ਰਿਪੋਰਟ;

(iv) ਅਪ੍ਰੈਲ 2019 ਤੋਂ ਮਾਰਚ 2022 ਦੇ ਸਮੇਂ ਦੌਰਾਨ ਪੰਜਾਬ ਦੀਆਂ ਪੰਚਾਇਤੀ ਰਾਜ ਇਕਾਈਆਂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੀ ਸਾਲਾਨਾ ਤਕਨੀਕੀ ਨਿਰੀਖਣ ਰਿਪੋਰਟ ਤੇ 11ਵੀਂ ਰਿਪੋਰਟ; ਅਤੇ

(v) ਪੰਚਾਇਤੀ ਰਾਜ ਇਕਾਈਆਂ ਤੇ ਕੀਤੇ ਗਏ ਆਮ ਪ੍ਰੇਖਣਾਂ/ਸਿਫ਼ਾਰਸ਼ਾਂ ਤੇ 12ਵੀਂ ਰਿਪੋਰਟ।

6. <u>ਮੇਜ਼ ਤੇ ਮੁੜ ਰੱਖੇ ਜਾਣ ਵਾਲੇ/ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

(1) **ਇੱਕ ਮੰਤਰੀ** ਨੋਟੀਫਿਕੇਸ਼ਨ ਨੰ. ਜੀ.ਐਸ.ਆਰ 177/ਪੀ.ਏ.1/2020/ਐਸ.14/2025 ਮਿਤੀ 18.11.2025 ਜਿਸ ਵਿੱਚ ਪੰਜਾਬ ਰਾਈਟ ਟੂ ਬਿਜ਼ਨਸ ਰੂਲਜ਼, 2025 ਸ਼ਾਮਲ ਹੈ ਨੂੰ ਸਦਨ ਦੀ ਮੇਜ਼ ਤੇ ਮੁੜ ਰੱਖਣਗੇ, ਜਿਵੇਂ ਕਿ ਪੰਜਾਬ ਰਾਈਟ ਟੂ ਬਿਜ਼ਨਸ ਐਕਟ, 2020 ਦੀ ਧਾਰਾ 14(2) ਅਧੀਨ ਲੋੜੀਂਦਾ ਹੈ।

(2) **ਇੱਕ ਮੰਤਰੀ** ਸਾਲ 2021-22 ਲਈ ਪੰਜਾਬ ਰਾਜ ਕੰਨਟੇਨਰ ਅਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਦੀ 27ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 395 (23) ਅਧੀਨ ਲੋੜੀਂਦਾ ਹੈ ।

(3) **ਇੱਕ ਮੰਤਰੀ** ਸਾਲ 2018-19 ਲਈ ਪੰਜਾਬ ਰਾਜ ਕਾਨੂੰਨੀ ਸੇਵਾ ਅਥਾਰਿਟੀ ਦੇ ਸਾਲਾਨਾ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕਾਨੂੰਨੀ ਸੇਵਾਵਾਂ ਅਥਾਰਿਟੀਜ਼ ਐਕਟ, 1987 ਦੀ ਧਾਰਾ 18(6) ਅਧੀਨ ਲੋੜੀਂਦਾ ਹੈ।

(4) **ਇੱਕ ਮੰਤਰੀ** ਸਾਲ 2019-20 ਲਈ ਪੰਜਾਬ ਰਾਜ ਕਾਨੂੰਨੀ ਸੇਵਾ ਅਥਾਰਿਟੀ ਦੇ ਸਾਲਾਨਾ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕਾਨੂੰਨੀ ਸੇਵਾਵਾਂ ਅਥਾਰਿਟੀਜ਼ ਐਕਟ, 1987 ਦੀ ਧਾਰਾ 18(6) ਅਧੀਨ ਲੋੜੀਂਦਾ ਹੈ।

(5) **ਇੱਕ ਮੰਤਰੀ** ਸਾਲ 2020-21 ਲਈ ਪੰਜਾਬ ਰਾਜ ਕਾਨੂੰਨੀ ਸੇਵਾ ਅਥਾਰਿਟੀ ਦੇ ਸਾਲਾਨਾ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕਾਨੂੰਨੀ ਸੇਵਾਵਾਂ ਅਥਾਰਿਟੀਜ਼ ਐਕਟ, 1987 ਦੀ ਧਾਰਾ 18(6) ਅਧੀਨ ਲੋੜੀਂਦਾ ਹੈ।

7. <u>ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਤੇ ਬਹਿਸ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ</u>

(1) i) **ਪ੍ਰੋਫੈਸਰ ਬਲਜਿੰਦਰ ਕੌਰ, ਐਮ.ਐਲ. ਏ:** ਪ੍ਰਸਤਾਵ ਕਰਨਗੇ ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇ:-

"ਕਿ ਇਸ ਸਮਾਗਮ ਵਿੱਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 06 ਮਾਰਚ, 2026 ਨੂੰ ਸਦਨ ਵਿੱਚ ਦੇਣ ਦੀ ਕਿਰਪਾਲਤਾ ਕੀਤੀ।"

ii) **ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ:** ਉਪਰੋਕਤ ਪ੍ਰਸਤਾਵ ਦੀ ਪ੍ਰੋੜ੍ਹਤਾ ਕਰਨਗੇ।

**( ਸਮਾਪਤ ਕੀਤੀ ਜਾਵੇਗੀ।)**

**ਪੰਜਾਬ ਵਿਧਾਨ ਸਭਾ**
**ਚੰਡੀਗੜ੍ਹ -160001**
**ਮਿਤੀ:08 ਮਾਰਚ 2026 ਐਤਵਾਰ**

**ਰਾਮ ਲੋਕ ਖਟਾਣਾ**
**ਸਕੱਤਰ**
**ਪੰਜਾਬ ਵਿਧਾਨ ਸਭਾ**